# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ:01-04-2024**

ਅੱਜ ਇੱਕ ਅਪ੍ਰੈਲ ਤੋਂ ਨਵਾਂ ਵਿੱਤੀ ਸਾਲ 2024-25 ਤੋਂ ਸ਼ੁਰੂ ਹੋ ਗਿਆ ਏ । ਜਨਤਕ ਖੇਤਰ ਦੀਆਂ ਤੇਲ ਅਤੇ ਗੈਸ ਮਾਰਕੀਟਿੰਗ ਕੰਪਨੀਆਂ ਨੇ ਅੱਜ 19 ਕਿਲੋਗ੍ਰਾਮ ਵਪਾਰਕ ਗੈਸ ਦੀ ਕੀਮਤ 32 ਰੁਪਏ ਪ੍ਰਤੀ ਸਿਲੰਡਰ ਤੱਕ ਘਟਾ ਦਿੱਤੀ ਏ । ਨਵੀਆਂ ਦਰਾਂ ਅੱਜ ਤੋਂ ਹੀ ਲਾਗੂ ਹੋ ਗਈਆਂ ਨੇ । ਕਰਮਚਾਰੀ ਭਵਿੱਖ ਨਿਧੀ ਸੰਗਠਨ EPFO ਨੇ ਪਹਿਲੀ ਅਪ੍ਰੈਲ ਤੋਂ ਨਵਾਂ ਨਿਯਮ ਲਾਗੂ ਹੋਣ ਦੀ ਜਾਣਕਾਰੀ ਦਿੱਤੀ ਸੀ, ਜਿਹੜੀ ਅੱਜ ਤੋਂ ਲਾਗੂ ਹੋ ਗਈ ਏ । ਇਸ ਨਵੇਂ ਨਿਯਮ ਤਹਿਤ ਜਿਵੇਂ ਹੀ EPF ਖਾਤਾ ਧਾਰਕ ਆਪਣੀ ਨੌਕਰੀ ਬਦਲਦਾ ਏ, ਉਸ ਦਾ ਪੁਰਾਣਾ ਪੀ. ਐਫ. ਬੈਲੇਂਸ ਨਵੇਂ ਖਾਤੇ ਵਿੱਚ ਟਰਾਂਸਫਰ ਹੋ ਜਾਵੇਗਾ । ਇਸ ਦਾ ਫਾਇਦਾ ਇਹ ਹੋਵੇਗਾ ਕਿ ਨੌਕਰੀ ਬਦਲਣ ਤੋਂ ਬਾਅਦ ਪੁਰਾਣਾ ਪੀ ਐਫ

ਬੈਲੇਂਸ ਨਵੇਂ ਖਾਤੇ ਵਿੱਚ ਟ੍ਰਾਂਸਫਰ ਕਰਨ ਦੀ ਜ਼ਰੂਰਤ ਨਹੀਂ ਹੋਵੇਗੀ, ਸਗੋਂ ਇਹ ਆਪਣੇ ਆਪ ਟ੍ਰਾਂਸਫਰ ਹੋ ਜਾਵੇਗਾ।

---------------------------------------------------

ਰਾਸ਼ਟਰੀ ਪ੍ਰੀਖਿਆ ਏਜੰਸੀ ਨੇ CUET- (UG) 2024 ਦੇ ਅਰਜ਼ੀ ਫਾਰਮ ਨੂੰ ਆਨਲਾਈਨ ਜਮ੍ਹਾ ਕਰਨ ਦੀ ਆਖਰੀ ਤਰੀਕ 5 ਅਪ੍ਰੈਲ ਤੱਕ ਵਧਾ ਦਿੱਤੀ ਏ। ਇਸ ਤੋਂ ਪਹਿਲਾਂ ਅਰਜ਼ੀ ਦਾਖਲ ਕਰਨ ਦਾ ਅੱਜ ਆਖਰੀ ਦਿਨ ਸੀ। ਪ੍ਰੀਖਿਆ ਏਜੰਸੀ ਅਨੁਸਾਰ, ਉਮੀਦਵਾਰਾਂ ਅਤੇ ਹੋਰ ਹਿੱਸੇਦਾਰਾਂ ਤੋਂ ਪ੍ਰਾਪਤ ਹੋਈ ਬੇਨਤੀ 'ਤੇ ਤਰੀਕ ਵਧਾਈ ਗਈ ਏ। ਇਸ ਵਿੱਚ ਕਿਹਾ ਗਿਆ ਏ, ਕਿ ਉਮੀਦਵਾਰ ਪਛਾਣ ਦੀ ਸਹੂਲਤ ਲਈ ਸਕੂਲ ਪਛਾਣ ਪੱਤਰ  ਜਾਂ ਫੋਟੋ ਨਾਲ ਕਿਸੇ ਸਰਕਾਰੀ ਪਛਾਣ ਪੱਤਰ ਦੀ ਵਰਤੋਂ ਵੀ ਕਰ ਸਕਦੇ ਨੇ। ਰਾਸ਼ਟਰੀ ਪ੍ਰੀਖਿਆ ਏਜੰਸੀ ਵੱਖ-ਵੱਖ ਕੇਂਦਰੀ ਯੂਨੀਵਰਸਿਟੀਆਂ ਅਤੇ ਹੋਰ ਸੰਸਥਾਵਾਂ ਵਿੱਚ ਅੰਡਰ ਗ੍ਰੈਜੁਏਟ ਪ੍ਰੋਗਰਾਮਾਂ ਵਿੱਚ ਦਾਖਲੇ ਲਈ ਪ੍ਰੀਖਿਆ ਦਾ ਆਯੋਜਨ ਕਰਦੀ ਏ। ਆਉਂਦੀ CUET-UG 2024 ਦੀ ਪ੍ਰੀਖਿਆ 15 ਤੋਂ 31 ਮਈ ਤੱਕ ਹੋਣ ਵਾਲੀ ਏ।

---

ਭਾਰਤੀ ਸੂਚਨਾ ਸੇਵਾ ਦੇ ਸੀਨੀਅਰ ਅਧਿਕਾਰੀ, ਸ਼ੈਫਾਲੀ ਬੀ. ਸ਼ਰਨ ਨੇ ਅੱਜ ਪੱਤਰ ਸੂਚਨਾ ਬਿਊਰੋ PIB ਦੇ ਪ੍ਰਮੁੱਖ ਡਾਇਰੈਕਟਰ ਜਨਰਲ ਵਜੋਂ ਅਹੁਦਾ ਸੰਭਾਲ ਲਿਆ ਏ। ਸ਼ੈਫਾਲੀ ਸ਼ਰਨ 1990 ਬੈਚ ਦੇ ਅਧਿਕਾਰੀ ਨੇ। ਤਿੰਨ ਦਹਾਕਿਆਂ ਤੋਂ ਵੱਧ ਦੇ ਇੱਕ ਸ਼ਾਨਦਾਰ ਸੇਵਾਕਾਲ ਦੌਰਾਨ, ਸ਼ੈਫਾਲੀ ਬੀ ਸ਼ਰਨ ਨੇ ਵਿੱਤ ਮੰਤਰਾਲੇ, ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ, ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਵਰਗੇ ਮੰਤਰਾਲਿਆਂ ਲਈ, ਪੱਤਰ ਸੂਚਨਾ ਬਿਊਰੋ ਅਫਸਰ ਵਜੋਂ ਮੀਡੀਆ ਪ੍ਰਚਾਰ ਕਾਰਜਾਂ ਨੂੰ ਸੰਭਾਲਿਆ ਏ। ਉਨ੍ਹਾਂ ਨੇ ਭਾਰਤੀ ਚੋਣ ਕਮਿਸ਼ਨ ਦੇ ਬੁਲਾਰੇ ਵਜੋਂ ਵੀ ਕੰਮ ਕੀਤਾ ਏ। ਜ਼ਿਕਰਯੋਗ ਏ ਕਿ ਪੱਤਰ ਸੂਚਨਾ ਬਿਊਰੋ, ਭਾਰਤ ਸਰਕਾਰ ਦੀ ਇੱਕ ਨੋਡਲ ਏਜੰਸੀ ਏ, ਜਿਹੜੀ ਸਰਕਾਰੀ ਨੀਤੀਆਂ, ਪ੍ਰੋਗਰਾਮਾਂ, ਪਹਿਲਕਦਮੀਆਂ ਅਤੇ ਪ੍ਰਾਪਤੀਆਂ ਬਾਰੇ, ਪ੍ਰਿੰਟ ਅਤੇ ਇਲੈਕਟ੍ਰਾਨਿਕ ਮੀਡੀਆ ਨੂੰ ਜਾਣਕਾਰੀ ਪ੍ਰਸਾਰਿਤ ਕਰਦੀ ਏ।

---

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ, ਸ਼੍ਰੋਮਣੀ

ਕਮੇਟੀ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਰਿਹਾਇਸ਼ 'ਤੇ ਲੋਕ ਸਭਾ ਹਲਕਾ ਸੰਗਰੂਰ ਦੀ ਸੀਨੀਅਰ ਲੀਡਰਸ਼ਿਪ ਨਾਲ ਬੰਦ ਕਮਰਾ ਮੀਟਿੰਗ ਕੀਤੀ । ਮੀਟਿੰਗ ਦੇ ਵੇਰਵੇ ਸਾਂਝੇ ਕਰਦਿਆਂ, ਭਾਈ ਲੌਂਗੋਵਾਲ ਨੇ ਕਿਹਾ ਕਿ ਸੰਯੁਕਤ ਅਕਾਲੀ ਦਲ ਦੇ ਰਲੇਵੇਂ ਮਗਰੋਂ ਸੀਨੀਅਰ ਲੀਡਰਸ਼ਿਪ ਨੂੰ ਪੁਰਾਣੇ ਮਤਭੇਦ ਭੁਲਾਕੇ ਇਕਜੁੱਟਤਾ ਨਾਲ ਅਤੇ ਤਕੜੇ ਹੋ ਕੇ ਕੰਮ ਕਰਨ ਲਈ ਕਿਹਾ ਏ। ਉਨ੍ਹਾਂ ਕਿਹਾ ਕਿ ਲੋਕ ਸਭਾ ਚੋਣਾਂ ਲਈ ਜਿਹੜਾ ਵੀ ਉਮੀਦਵਾਰ ਪਾਰਟੀ ਵਲੋਂ ਦਿੱਤਾ ਜਾਵੇਗਾ, ਉਸ ਦੀ ਚੋਣ ਨੂੰ ਆਪਣੀ ਚੋਣ ਸਮਝ ਕੇ ਲੜਿਆ ਜਾਵੇ । ਮੀਟਿੰਗ ਵਿਚ ਹਾਜ਼ਰ ਆਗੂਆਂ ਨੇ, ਸੁਖਬੀਰ ਸਿੰਘ ਬਾਦਲ ਨੂੰ ਪਾਰਟੀ ਦਾ ਹਰ ਹੁਕਮ ਮੰਨਣ ਦਾ ਭਰੋਸਾ ਦਿੱਤਾ।

---------------------------------------------------------

ਪੰਜਾਬ ਪੁਲਿਸ ਨੇ ਕਲ ਇੱਕ ਵੱਡੀ ਸਫ਼ਲਤਾ ਹਾਸਲ ਕਰਦਿਆਂ, ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਦੇ ਅੰਤਰ-ਰਾਜੀ ਰੈਕੇਟ ਦਾ ਪਰਦਾਫਾਸ਼ ਕਰਕੇ ਚਾਰ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ‘ਚੋਂ 32 ਬੋਰ ਦੇ 9 ਦੇਸੀ ਪਿਸਤੌਲ ਅਤੇ ਅੱਠ ਅਣਚਲੇ

ਕਾਰਤੂਸ ਬਰਾਮਦ ਕੀਤੇ ਨੇ । ਡਾਇਰੈਕਟਰ ਜਨਰਲ ਪੁਲਿਸ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਵਿਅਕਤੀਆਂ ਦੀ ਪਛਾਣ ਲੁਧਿਆਣਾ ਦੇ ਚਕਰ ਵਾਸੀ ਗੁਰਮਨਜੋਤ ਸਿੰਘ, ਪਿੰਡ ਲਹਿਰਾ ਦੇ ਕੁਲਦੀਪ ਸਿੰਘ ਉਰਫ਼ ਮਾਣਕ, ਬਰਨਾਲਾ ਦੇ ਪਿੰਡ ਮੂਮ ਵਾਸੀ ਸੁਖਚੈਨ ਸਿੰਘ, ਅਤੇ ਲੁਧਿਆਣਾ ਦੇ ਪਿੰਡ ਭੈਣੀ ਗੁੱਜਰਾਂ ਵਾਸੀ ਸੰਦੀਪ ਸਿੰਘ ਵਜੋਂ ਹੋਈ ਕੀਤੀ ਗਈ ਏ । ਜ਼ਿਕਰਯੋਗ ਏ ਕਿ ਕੁਲਦੀਪ ਸਿੰਘ ਉਰਫ਼ ਮਾਣਕ ਅਤੇ ਗੁਰਮਨਜੋਤ ਸਿੰਘ ਸਾਲ 2016 ਵਿੱਚ ਲੁਧਿਆਣਾ ਜੇਲ੍ਹ ਵਿੱਚ ਇੱਕ-ਦੂਜੇ ਨੂੰ ਮਿਲੇ ਸਨ। ਉਨ੍ਹਾਂ ਦੱਸਿਆ ਕਿ ਮੁੱਢਲੀ ਪੁੱਛਗਿੱਛ ਤੋਂ ਪਤਾ ਚੱਲਿਆ ਏ ਕਿ ਮੁਲਜ਼ਮਾਂ ਵੱਲੋਂ ਇਨ੍ਹਾਂ ਵਿੱਚੋਂ ਕੁਝ ਹਥਿਆਰਾਂ ਦੀ ਵਰਤੋਂ ਮਿਥੇ ਹੋਏ ਸੰਗਠਿਤ ਅਪਰਾਧਾਂ ਨੂੰ ਅੰਜਾਮ ਦੇਣ ਲਈ ਕੀਤੀ ਜਾਣੀ ਸੀ ਅਤੇ ਬਾਕੀ ਹਥਿਆਰ ਗਰੋਹ ਦੇ ਹੋਰ ਮੈਂਬਰਾਂ ਨੂੰ ਵੰਡੇ ਜਾਣੇ ਸਨ।

---------------------------------------------------------------

ਵੋਟਿੰਗ ਦੇ ਤਜ਼ਰਬੇ ਨੂੰ ਚੰਗਾ ਮਹਿਸੂਸ ਕਰਨ ਲਈ, ਲੁਧਿਆਣਾ ਜ਼ਿਲਾ ਪ੍ਰਸ਼ਾਸਨ ਵੋਟਰਾਂ ਨੂੰ ਵੋਟਿੰਗ ਵਾਲੇ ਦਿਨ ਪਹਿਲੀ ਜੂਨ ਨੂੰ ਮਾਡਲ ਪੋਲਿੰਗ ਸਟੇਸ਼ਨ ਪ੍ਰਦਾਨ ਕਰੇਗਾ ਜਿੱਥੇ ਵੋਟਰਾਂ ਦਾ ਰੈਡ ਕਾਰਪੈਟ ਨਾਲ

ਸਵਾਗਤ ਕੀਤਾ ਜਾਵੇਗਾ। ਸਾਰੇ ਸਹਾਇਕ ਰਿਟਰਨਿੰਗ ਅਫ਼ਸਰਾਂ ਅਤੇ ਹੋਰਨਾਂ ਨਾਲ ਇੱਕ ਵਰਚੁਅਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਜ਼ਿਲ੍ਹਾ ਚੋਣ ਅਫ਼ਸਰ ਸਾਕਸ਼ੀ ਸਾਹਨੀ ਨੇ ਕਿਹਾ ਕਿ ਇਸ ਦਾ ਉਦੇਸ਼ ਵੋਟਰਾਂ ਲਈ, ਵੋਟਿੰਗ ਨੂੰ ਇੱਕ ਬੇਹਤਰੀਨ ਤਜ਼ਰਬਾ ਬਣਾਉਣਾ ਏ। ਉਨ੍ਹਾਂ ਕਿਹਾ ਕਿ ਹਰੇਕ ਵਿਧਾਨ ਸਭਾ ਹਲਕੇ ਵਿੱਚ ਪਹਿਲੀ ਜੂਨ ਨੂੰ ਵੋਟਰਾਂ ਨੂੰ ਨਿਰਵਿਘਨ ਅਤੇ ਮੁਸ਼ਕਲ ਰਹਿਤ ਵੋਟਿੰਗ ਦਾ ਤਜਰਬਾ ਯਕੀਨੀ ਬਣਾਉਣ ਦੇ ਨਾਲ-ਨਾਲ ਚੋਣ ਪ੍ਰਕਿਰਿਆ ਵਿੱਚ, ਉਨ੍ਹਾਂ ਦੀ ਭਾਈਵਾਲੀ ਮਜ਼ਬੂਤ ਕਰਨ ਲਈ ਮਾਡਲ ਪੋਲਿੰਗ ਸਟੇਸ਼ਨ ਹੋਣਗੇ।

----------------------------------------------------------------

ਲੋਕ ਸਭਾ ਚੋਣਾਂ ਲਈ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੁਲਿਸ ਵੱਲੋਂ, ਬਰਨਾਲਾ ਜ਼ਿਲੇ ਵਿੱਚ ਆਉਣ ਜਾਣ ਵਾਲੀਆਂ ਗੱਡੀਆਂ ਲਈ ਵੱਡੀ ਪੱਧਰ ਤੇ ਤਲਾਸ਼ੀ ਅਭਿਆਨ ਚਲਾਇਆ ਹੋਇਆ ਏ। ਬੀਤੇ ਦਿਨੀ ਜ਼ਿਲੇ ਵਿਚ ਕਸਬਾ ਭਦੌੜ ਦੇ ਤਿੰਨ ਕੋਣੀ ਚੌਂਕ ਤੇ ਨਾਕੇ ਦੌਰਾਨ ਪੁਲਿਸ ਨੇ ਇਕ ਕਾਰ ਦੀ ਤਲਾਸ਼ੀ ਦੌਰਾਨ ਕਾਰ ਸਵਾਰਾਂ ਪਾਸੋਂ 9 ਲੱਖ 35 ਹਜ਼ਾਰ ਰੁਪਏ ਬਰਾਮਦ ਕੀਤੇ । ਇੰਸਪੈਕਟਰ ਸ਼ੇਰਵਿੰਦਰ ਸਿੰਘ ਔਲਖ ਨੇ

ਦੱਸਿਆ ਕਿ ਕਾਰ ਸਵਾਰਾਂ ਦੀ ਪਛਾਣ ਪਿੰਦਰ ਸਿੰਘ, ਨਵਰੂਪ ਸਿੰਘ ਅਤੇ ਸੁਖਮਨ ਸਿੰਘ ਵਜੋਂ ਹੋਈ ਏ । ਉਨਾਂ ਦੱਸਿਆ ਕਿ ਇਹਨਾਂ ਖਿਲਾਫ਼ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਏ ।

---------------------------------------------------------

ਗੁਰਦਾਸਪੁਰ ਪੁਲਿਸ ਨੇ ਪਿੰਡ ਬੁੱਢਾ ਬਾਲਾ ਤੋਂ ਛਾਪਾ ਮਾਰ ਕੇ 1800 ਲਿਟਰ ਲਾਹਣ ਬਰਾਮਦ ਕੀਤੀ ਏ । ਐਸ. ਪੀ. ਡੀ. ਬਲਵਿੰਦਰ ਸਿੰਘ ਰੰਧਾਵਾ ਨੇ ਦੱਸਿਆ ਕਿ ਪੁਲਿਸ ਨੇ ਬੇਟ ਖੇਤਰ ਵਿੱਚ ਹੋ ਰਹੇ ਦੇਸੀ ਸ਼ਰਾਬ ਦੇ ਧੰਦੇ ਨੂੰ ਬੰਦ ਕਰਨ ਲਈ ਵੱਖ ਵੱਖ ਪਿੰਡਾਂ ਵਿੱਚ ਛਾਪੇਮਾਰੀ ਕੀਤੀ । ਇਸ ਦੌਰਾਨ ਪਿੰਡ ਬੁੱਢਾ ਬਾਲਾ ਵਿਖੇ ਪੁਲਿਸ ਨੂੰ ਦੇਸੀ ਸ਼ਰਾਬ ਤਿਆਰ ਕਰਨ ਲਈ 1800 ਲਿਟਰ ਤੋਂ ਵੱਧ ਕੱਚੀ ਲਾਹਣ ਬਰਾਮਦ ਹੋਈ । ਪੁਲਿਸ ਨੇ ਇਸ ਲਾਹਣ ਨੂੰ ਮੌਕੇ ਤੇ ਹੀ ਨਸ਼ਟ ਕਰ ਦਿੱਤਾ ।